**Got Positions and Scholarship in Religious and Ethical Exams**

In March 2025 Due to their commitment and thorough comprehension of Sikh moral principles, our students  Navjot Kaur M.Com ist and Manpreet Kaur B.A Ii and again Manpreet Kaur B.A.II Excelled in the Guru Gobind Singh Study Circle's Ethical Exams, earning top rankings. Additionally, in recognition of their exceptional performance and dedication to Sikh religious education, a number of students received scholarships in the Religious Exam administered by the SGPC, Amritsar. These accomplishments are a result of our students' diligence and our faculty's leadership in fostering moral and spiritual education.

# ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਧਾਰਮਿਕ ਪ੍ਰੀਖਿਆਵਾਂ ਵਿੱਚ ਕੀਤੀਆਂ ਮਾਣਮੱਤੀਆਂ ਪ੍ਰਾਪਤੀਆਂ

ਆਗਾਜ ਜਾਗਰਣ/ਦਵਿੰਦਰਪਾਲ ਸਿੰਘ

ਸ੍ਰੀ ਅਨੰਦਪੁਰ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆ ਜਿੱਥੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਪਾਸ ਕੀਤੀ ਉੱਥੇ ਨਾਲ ਹੀ ਬੀ.ਏ. ਭਾਗ ਦੂਜਾ ਦੀ ਵਿਦਿਆਰਥਣ ਮਨਪ੍ਰੀਤ ਕੌਰ ਨੇ ਵਜ਼ੀਫ਼ਾ ਵੀ ਪ੍ਰਾਪਤ ਕੀਤਾ।ਵਰਣਨਯੋਗ ਹੈ ਕਿ ਧਾਰਮਿਕ ਕਦਰਾਂ ਕੀਮਤਾਂ ਵਿੱਚ ਵਾਧਾ ਕਰਨ ਹਿਤ ਪਿਛਲੇ ਦਿਨੀਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਲੁਧਿਆਣਾ ਵੱਲੋਂ ਨੈਤਿਕ ਸਿੱਖਿਆ ਇਮਤਿਹਾਨ ਲਿਆ ਗਿਆ ਸੀ। ਇਸ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਸਿੱਖ ਧਰਮ ਨਾਲ ਜੋੜਨਾ ਸੀ।ਇਸ ਪ੍ਰੀਖਿਆ ਵਿੱਚ ਨਵਜੋਤ ਕੌਰ ਐਮ.ਕਾਮ ਭਾਗ ਪਹਿਲਾ ਅਤੇ ਮਨਪ੍ਰੀਤ ਕੌਰ ਬੀ.ਏ.ਭਾਗ ਦੂਜਾ ਨੇ ਜ਼ੋਨ ਵਿੱਚੋਂ ਪੰਜਵਾਂ ਅਤੇ ਉਤਸ਼ਾਹ ਵਧਾਊ ਇਨਾਮ ਪ੍ਰਾਪਤ ਕੀਤਾ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਪ੍ਰੀਖਿਆ ਪਾਸ ਕੀਤੀ। ਦੱਸਣ ਯੋਗ ਹੈ ਕਿ ਇਹ ਉਪਰਾਲਾ ਸਿੱਖਾਂ ਦੀ ਨਾਮਵਰ ਅਤੇ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੁਆਰਾ ਹਰ ਸਾਲ ਕੀਤਾ ਜਾਂਦਾ ਅਤਿ ਸ਼ਲਾਘਾਯੋਗ ਕਾਰਜ ਹੈ । ਇਸ ਦੇ ਅਧੀਨ ਵਿਦਿਆਰਥੀਆਂ ਦੇ ਭਵਿੱਖ ਨੂੰ ਉੱਜਵਲ ਬਣਾਉਣ ਲਈ ਵਜ਼ੀਫੇ ਵੀ ਉਪਲੱਬਧ ਕਰਵਾਏ ਜਾਂਦੇ ਹਨ ਅਤੇ ਵਿਦਿਆਰਥੀਆਂ ਵਿੱਚ ਮਨੁੱਖੀ ਕਦਰਾਂ ਕੀਮਤਾਂ ਦਾ ਪੈਦਾ ਕੀਤੀਆਂ ਜਾਂਦੀਆਂ ਹਨ। ਜ਼ਿਕਰਯੋਗ ਹੈ ਕਿ ਕਾਲਜ ਦੇ ਵਿਦਿਆਰਥੀਆਂ ਵੱਲੋਂ ਹਰ ਸਾਲ ਇਸ ਪ੍ਰੀਖਿਆ ਵਿੱਚ ਭਾਗ ਲੈ ਕੇ ਮਾਣਮੱਤੀਆਂ ਪ੍ਰਾਪਤੀਆਂ ਕੀਤੀਆਂ ਜਾਂਦੀਆਂ ਹਨ। ਵਿਦਿਆਰਥੀਆਂ ਦੀਆਂ ਧਾਰਮਿਕ ਪ੍ਰੀਖਿਆਵਾਂ ਦੀਆਂ ਮਾਣਮੱਤੀਆਂ ਪ੍ਰਾਪਤੀਆਂ ਨੂੰ ਵੇਖਦੇ ਹੋਏ ਕਾਲਜ ਦੇ ਆਨਰੇਰੀ ਸਕੱਤਰ ਅਤੇ ਸਾਬਕਾ ਸਿੱਖਿਆ ਮੰਤਰੀ ਡਾ. ਦਲਜੀਤ ਸਿੰਘ ਚੀਮਾ ਅਤੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਤੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਧਾਰਮਿਕ ਪ੍ਰੀਖਿਆ ਦੀ ਤਿਆਰੀ ਕਰਵਾਉਣ ਲਈ ਕਾਲਜ ਦੇ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ.ਪਰਮਜੀਤ ਕੌਰ, ਡਾ. ਮਨਦੀਪ ਕੌਰ ਕੈਮਿਸਟਰੀ ਵਿਭਾਗ, ਡਾ. ਨਵਜੀਤ ਕੌਰ ਕਮਰਸ ਵਿਭਾਗ ਨੂੰ ਸੁਚੱਜੇ ਢੰਗ ਨਾਲ ਪ੍ਰੀਖਿਆ ਕਰਵਾਉਣ ਲਈ ਮੁਬਾਰਕਬਾਦ ਦਿੱਤੀ। ਇਸ ਮੌਕੇ ਉੱਘੇ ਪ੍ਰਚਾਰਕ ਸ. ਕੁਲਦੀਪ ਸਿੰਘ ਅਤੇ ਸ. ਪ੍ਰਿਤਪਾਲ ਸਿੰਘ ਵੀ ਹਾਜ਼ਰ ਸਨ।

